੧ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੧ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਜਨਰਲ ਕਮੇਟੀ ਦੀ ਇਕੱਤਰਤਾ ਬਾਬਾ ਸੁੱਚਾ ਸਿੰਘ ਜੀ ਕਾਰ ਸੇਵਾ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਕਾਰ ਸੇਵਾ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਬਾਬਾ ਸੁੱਚਾ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93686 (T)

ਮਿਤੀ 31-3-2026

ਉਤਾਰਾ:-
1. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੨ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਜਨਰਲ ਕਮੇਟੀ ਦੀ ਇਕੱਤਰਤਾ ਸ੍ਰ. ਅਮੀਰ ਸਿੰਘ ਜੀ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਸ੍ਰ. ਅਮੀਰ ਸਿੰਘ ਜੀ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਅਮੀਰ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93687 (T) ਮਿਤੀ 31-3 -2026

ਉਤਾਰਾ:-
1. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਜਨਰਲ ਕਮੇਟੀ ਦੀ ਇਕੱਤਰਤਾ ਜਥੇਦਾਰ ਸੁਰਜੀਤ ਸਿੰਘ ਜੀ ਚੀਮਾ, ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਜਥੇਦਾਰ ਸੁਰਜੀਤ ਸਿੰਘ ਜੀ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਜਥੇਦਾਰ ਸੁਰਜੀਤ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93688 (T)

ਮਿਤੀ 31-3-2026

ਉਤਾਰਾ:-
1. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੪ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਜਨਰਲ ਕਮੇਟੀ ਦੀ ਇਕੱਤਰਤਾ ਸ੍ਰ. ਬੀਰ ਸਿੰਘ ਜੀ, ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਸ੍ਰ. ਬੀਰ ਸਿੰਘ ਜੀ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਬੀਰ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23689 (T) ਮਿਤੀ 31-3 -2026

ਉਤਾਰਾ:-
1. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੫ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਜਨਰਲ ਕਮੇਟੀ ਦੀ ਇਕੱਤਰਤਾ ਸ੍ਰ. ਸੰਤੋਖ ਸਿੰਘ ਜੀ ਖੀਰਾਂਵਾਲੀ, ਸਾਬਕਾ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਸ੍ਰ. ਸੰਤੋਖ ਸਿੰਘ ਜੀ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਸੰਤੋਖ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93690 (T)

ਮਿਤੀ 31-3-2026

ਉਤਾਰਾ:- 1. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ **ਜਨਰਲ** ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੯ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ (ਜਨਰਲ ਹਾਊਸ) 18 ਕੱਤਕ ਸੰਮਤ ਨਾਨਕਸ਼ਾਹੀ 557 ਮੁਤਾਬਿਕ 03 ਨਵੰਬਰ 2025 ਦੀ ਕਾਰਵਾਈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਪੱਤਰ 'ਗੁਰਦੁਆਰਾ ਗਜ਼ਟ' ਦੇ ਅੰਕ ਮਹੀਨਾ ਨਵੰਬਰ 2025 ਵਿੱਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਭੇਜੀ ਜਾ ਚੁੱਕੀ ਹੈ ਦਾ **ਮਾਮਲਾ ਪ੍ਰਸ਼ਟੀ ਲਈ ਪੇਸ਼ ਹੋਣ 'ਤੇ ਹਵਾਲੇ ਵਾਲੀ ਕਾਰਵਾਈ ਦੇ ਦਰੁੱਸਤ ਲਿਖਿਆ ਦੀ ਹਾਊਸ ਵਿੱਚ ਹਾਜਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ-ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ, ਉਪਰੰਤ ਕਾਰਵਾਈ ਕੰਨਫਰਮ ਕਰਦਿਆਂ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖਤ ਕਰਵਾਏ ਗਏ।**

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93691 (T) ਮਿਤੀ 31-3-2026

ਉਤਾਰਾ:-

1. ਇੰਚਾਰਜ ਜੀ, ਰੀਕਾਰਡ ਕੀਪਰ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਕਾਰਵਾਈ ਕਲਰਕ, ਟਰੱਸਟ ਮਹਿਕਮਾਂ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਦਸਤਖਤ

**(ਕੁਲਵੰਤ ਸਿੰਘ ਮੰਨਣ)**
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੭ ਦੀ ਨਕਲ:-**

ਸਿੱਖ ਕੌਮ ਦੇ ਮਹਾਨ ਇਤਿਹਾਸ, ਅਟੱਲ ਸਿਧਾਂਤਾਂ ਅਤੇ ਵਿਲੱਖਣ ਧਾਰਮਿਕ ਪਰੰਪਰਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਸਮੇਂ-ਸਮੇਂ ’ਤੇ ਨੀਤੀਗਤ ਏਜੰਡਿਆਂ ਤਹਿਤ ਸਿੱਖਾਂ ਦੀ ਮੌਲਿਕ ਅਤੇ ਅੱਡਰੀ ਪਛਾਣ ਨੂੰ ਰਲਗੱਡ ਕਰਨ ਦੀਆਂ ਹੋ ਰਹੀਆਂ ਕੋਸ਼ਿਸ਼ਾਂ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕਰਦਾ ਹੈ। ਅਜਿਹੀਆਂ ਹਰਕਤਾਂ ਕੇਵਲ ਸਿੱਖ ਕੌਮ ਦੀ ਵੱਖਰੀ ਪਛਾਣ ਨੂੰ ਨਿਸ਼ਾਨਾ ਬਣਾਉਣ ਤੱਕ ਹੀ ਸੀਮਤ ਨਹੀਂ ਹਨ, ਸਗੋਂ ਇਹ ਸਿੱਖ ਧਰਮ ਦੀ ਪਵਿੱਤਰਤਾ, ਅਜ਼ਾਦ ਹਸਤੀ ਅਤੇ ਮਾਨਵਤਾ ਨੂੰ ਪ੍ਰਦਾਨ ਕੀਤੇ ਉਸ ਦੇ ਉੱਚੇ ਆਦਰਸ਼ਾਂ ਲਈ ਵੀ ਸਿੱਧੀ ਚੁਣੌਤੀ ਹਨ। ਇਹ ਵਰਤਾਰਾ ਘੱਟ ਗਿਣਤੀਆਂ ਪ੍ਰਤੀ ਬਹੁਗਿਣਤੀ ਕੌਮਾਂ ਦੀਆਂ ਧਾਰਮਿਕ ਸੰਸਥਾਵਾਂ ਦੇ ਆਗੂਆਂ ਦੇ ਨਾਲ-ਨਾਲ ਇਸੇ ਸੋਚ ਵਾਲੇ ਲੋਕਾਂ ਵੱਲੋਂ ਸੋਸ਼ਲ ਮੀਡੀਆ ਉੱਤੇ ਪਰੋਸੀ ਜਾ ਰਹੀ ਵਿਚਾਰਧਾਰਾ ਨਾਲ ਸਬੰਧਤ ਹੈ।

ਜਨਰਲ ਇਜਲਾਸ ਸਪੱਸ਼ਟ ਤੌਰ ’ਤੇ ਦ੍ਰਿੜ੍ਹਤਾ ਨਾਲ ਆਖਦਾ ਹੈ ਕਿ ਸਿੱਖ ਕੌਮ ਇੱਕ ਵੱਖਰੀ ਅਤੇ ਸੁਤੰਤਰ ਧਾਰਮਿਕ ਕੌਮ ਹੈ। ਇਸ ਦਾ ਆਪਣਾ ਮਹਾਨ ਇਤਿਹਾਸ, ਵਿਲੱਖਣ ਦਰਸ਼ਨ, ਅਲੱਗ ਸਿਧਾਂਤ, ਕਦਰਾਂ-ਕੀਮਤਾਂ, ਤਿਉਹਾਰ, ਰਹਿਣ ਸਹਿਣ ਅਤੇ ਮਰਯਾਦਾਵਾਂ ਹਨ। ਸਿੱਖ ਧਰਮ ਦੇ ਮਨੁੱਖਤਾ ਨੂੰ ਸੱਚ, ਨਿਆਂ, ਬਰਾਬਰਤਾ, ਭਾਈਚਾਰੇ ਅਤੇ ਸੇਵਾ ਦੇ ਉੱਚ ਆਦਰਸ਼ ਹਨ।

ਸਿੱਖ ਕੌਮ ਦੀ ਨਿਰਾਲੀ ਪਛਾਣ ਕਿਸੇ ਵੀ ਹੋਰ ਧਰਮ ਦੇ ਆਦਰਸ਼ਾਂ ਤੋਂ ਪ੍ਰੇਰਿਤ ਨਹੀਂ ਹੈ। ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਗਈ ਖ਼ਾਲਸਾਈ ਪਛਾਣ, ਸਿੱਖ ਰਹਿਤ ਮਰਯਾਦਾ ਅਤੇ ਗੁਰਬਾਣੀ ਕੇਂਦਰਿਤ ਜੀਵਨ-ਮਾਰਗ ਸਿੱਖ ਕੌਮ ਦੀ ਆਤਮਿਕ ਅਤੇ ਸਭਿਆਚਾਰਕ ਹਸਤੀ ਦੇ ਮੂਲ ਆਧਾਰ ਹਨ। ਇਸ ਲਈ ਸਿੱਖ ਕੌਮ ਦੀ ਵਿਲੱਖਣ ਪਛਾਣ ਨੂੰ ਕਿਸੇ ਵੀ ਤਰੀਕੇ ਨਾਲ ਮਿਟਾਉਣ ਜਾਂ ਉਸ ਨੂੰ ਕਿਸੇ ਹੋਰ ਧਾਰਮਿਕ ਜਾਂ ਸਭਿਆਚਾਰਕ ਧਾਰਾ ਨਾਲ ਜੋੜਨ ਦੀ ਹਰ ਕੋਸ਼ਿਸ਼ ਨਾ ਸਿਰਫ਼ ਅਪ੍ਰਵਾਨ ਹੈ, ਸਗੋਂ ਇਹ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਵੀ ਖ਼ਿਲਾਫ਼ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਸਿੱਖਾਂ ਦੀ ਮੌਲਿਕ ਤੇ ਅੱਡਰੀ ਹਸਤੀ ਨੂੰ ਰਲਗੱਡ ਕਰਨ ਵਾਲੀ ਹਰ ਵਿਚਾਰਧਾਰਾ ਨੂੰ ਰੱਦ ਕਰਦਾ ਹੈ ਅਤੇ ਸਮੂਹ ਸਿੱਖ ਸੰਸਥਾਵਾਂ, ਵਿਦਵਾਨਾਂ ਅਤੇ ਸੰਸਾਰ ਭਰ ਦੀ ਸੰਗਤ ਨੂੰ ਅਪੀਲ ਕਰਦਾ ਹੈ ਕਿ ਸਿੱਖ ਧਰਮ ਦੀ ਮੌਲਿਕਤਾ, ਪਵਿੱਤਰਤਾ ਅਤੇ ਵਿਲੱਖਣ ਹੋਂਦ-ਹਸਤੀ ਨੂੰ ਮੁੱਖ ਰੱਖਦਿਆਂ ਸਦਾ ਜਾਗਰੂਕ ਰਹਿੰਦੇ ਹੋਏ ਇਸ ਨੂੰ ਰਲਗੱਡ ਕਰਨ ਦੀ ਹਰ ਚਾਲ ਵਿਰੁੱਧ ਇਕਜੁੱਟਤਾ ਨਾਲ ਅਵਾਜ਼ ਬੁਲੰਦ ਕੀਤੀ ਜਾਵੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93699 (T)

ਮਿਤੀ 31-3-2026

ਉਤਾਰਾ:- 1. ਸਿਸਟਮ ਐਡਮਨਿਸਟ੍ਰੇਟਰ ਜੀ, ਇੰਟਰਨੈਟ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੮ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਪੰਜਾਬ ਸਰਕਾਰ ਵੱਲੋਂ "ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਦੇ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025" ਦੇ ਸਬੰਧ ਵਿਚ ਅਪਣਾਈ ਜਾ ਰਹੀ ਪਹੁੰਚ ਅਤੇ ਮੁੱਖ ਮੰਤਰੀ ਵੱਲੋਂ ਦਿੱਤੇ ਜਾ ਰਹੇ ਬਿਆਨ ਸੰਗਤਾਂ ਅੰਦਰ ਭਰਮ ਪੈਦਾ ਕਰਨ ਵਾਲੇ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਲਗਾਤਾਰ ਵੱਧ ਰਹੇ ਮਾਮਲੇ ਸਮੂਹ ਸਿੱਖ ਜਗਤ ਲਈ ਗੰਭੀਰ ਚਿੰਤਾ ਅਤੇ ਦੁੱਖ ਦਾ ਵਿਸ਼ਾ ਬਣੇ ਹੋਏ ਹਨ। ਰਾਜਸੀ ਪਾਰਟੀਆਂ ਨੇ ਇਸ ਮਾਮਲੇ ਉਤੇ ਸਰਕਾਰਾਂ ਬਣਾਉਣ ਲਈ ਸਿਆਸਤ ਤਾਂ ਕੀਤੀ ਪਰ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਨਾ ਕਰ ਸਕੀਆਂ।

ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਸ ਮਸਲੇ ਬਾਰੇ ਵੱਡੇ ਵਾਅਦਿਆਂ ਦੇ ਆਧਾਰ 'ਤੇ ਸੱਤਾ ਵਿੱਚ ਆਈ ਸੀ, ਪਰ ਅਫ਼ਸੋਸ ਕਿ ਇਸ ਸੰਵੇਦਨਸ਼ੀਲ ਮਾਮਲੇ ਉੱਤੇ ਇਸ ਨੇ ਵੀ ਸੰਗਤ ਨੂੰ ਨਿਰਾਸ਼ ਕੀਤਾ ਹੈ। ਇਸ ਸਰਕਾਰ ਦੇ ਸਮੇਂ ਦੌਰਾਨ ਬੇਅਦਬੀ ਦੇ ਬੇਅੰਤ ਮਾਮਲੇ ਸਾਹਮਣੇ ਆਏ ਹਨ, ਪਰੰਤੂ ਨਾ ਤਾਂ ਉਨ੍ਹਾਂ ਦੀ ਪੂਰੀ ਜਾਂਚ ਕੀਤੀ ਗਈ ਅਤੇ ਨਾ ਹੀ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਮਿਲੀਆਂ। ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਦੋਸ਼ੀ ਬਚ ਕੇ ਨਿਕਲ ਰਹੇ ਹਨ।

ਮੌਜੂਦਾ ਪੰਜਾਬ ਸਰਕਾਰ ਦੀ ਗੈਰ-ਸੰਜੀਦਗੀ ਇਸ ਗੱਲ ਤੋਂ ਵੀ ਸਾਹਮਣੇ ਆਉਂਦੀ ਹੈ ਕਿ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਜੋ ਕਾਰਵਾਈ ਸ਼ੁਰੂ ਕੀਤੀ ਗਈ, ਉਹ ਸਿਰਫ਼ ਇੱਕ ਰਸਮੀ ਅਤੇ ਮਨਮਰਜ਼ੀ ਦੀ ਕਾਰਵਾਈ ਬਣ ਕੇ ਰਹਿ ਗਈ ਹੈ। ਸਰਕਾਰ ਦੀ ਸਿਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸੁਝਾਅ ਤਾਂ ਮੰਗੇ ਗਏ, ਪਰ ਜਦੋਂ ਸ਼੍ਰੋਮਣੀ ਕਮੇਟੀ ਦੀ ਬਣਾਈ ਕਮੇਟੀ ਨੇ ਸਰਕਾਰ ਨੂੰ ਕਈ ਪੱਤਰ ਭੇਜ ਕੇ ਲੋੜੀਂਦੀ ਜਾਣਕਾਰੀ ਮੰਗੀ ਤਾਂ ਸਰਕਾਰ ਨੇ ਉਹ ਜਾਣਕਾਰੀ ਦੇਣਾ ਵੀ ਮੁਨਾਸਿਬ ਨਹੀਂ ਸਮਝਿਆ। ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਅਖ਼ਬਾਰੀ ਬਿਆਨਾਂ ਵਿਚ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਬਾਰੇ ਹੈ, ਵਿਚ ਸੋਧ ਦੀ ਗੱਲ ਕਰਨ ਨਾਲ ਹੋਰ ਵੀ ਸਵਾਲ ਪੈਦਾ ਹੋ ਗਏ ਹਨ।

ਸਰਕਾਰ ਵੱਲੋਂ ਅਜਿਹੀ ਕਿਸੇ ਵੀ ਸੋਧ ਬਾਰੇ ਸਿੱਖਾਂ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੱਕ ਰਾਬਤਾ ਕਰਨ ਦੀ ਜ਼ਰੂਰਤ ਨਹੀਂ ਸਮਝੀ ਗਈ। ਅਜਿਹਾ ਰਵੱਈਆ ਸਰਕਾਰ ਦੀ ਨੀਅਤ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਇਸ ਅਹਿਮ ਮਸਲੇ ਪ੍ਰਤੀ ਮੰਗ ਕਰਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕਿਉਂਕਿ ਜਾਗਤ ਜੋਤ ਅਤੇ ਹਾਜਰ ਨਾਜਰ ਸਤਿਗੁਰੂ ਹਨ ਇਸ ਲਈ ਇਸ ਦੀ ਪਵਿੱਤਰਤਾ ਅਤੇ ਮਰਯਾਦਾ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਰੋਕਣ ਲਈ ਪੰਜਾਬ ਸਰਕਾਰ ਬਿੱਲ ਨੂੰ ਲੈ ਕੇ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਯਕੀਨੀ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੰਗੀਆਂ ਗਈਆਂ ਸਾਰੀਆਂ ਜਾਣਕਾਰੀਆਂ ਤੁਰੰਤ ਮੁਹੱਈਆ ਕਰਵਾਏ।

ਸਰਕਾਰ ਆਪਣੀ ਮਨਮਰਜ਼ੀ ਦਾ ਐਕਟ ਬਣਾਉਣ ਦੀ ਥਾਂ ਕੌਮ ਨੂੰ ਪਹਿਲਾਂ ਉਸ ਬਾਰੇ ਸਪੱਸ਼ਟ ਕਰੇ ਅਤੇ ਕੌਮ ਦੇ ਸਵਾਲਾਂ ਨੂੰ ਸੰਬੋਧਤ ਹੋਵੇ ਤਾਂ ਜੋ ਇਹ ਸਿੱਖਾਂ ਦੀ ਸ਼ਰਧਾ ਭਾਵਨਾ ਅਨੁਸਾਰ ਇੱਕ ਮੁਕੰਮਲ ਤੇ ਕੌਮ ਪੱਖੀ ਕਾਨੂੰਨ ਸਾਹਮਣੇ ਆਵੇ।

"ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2008" ਨਾਲ ਕੋਈ ਛੇੜਛਾੜ ਨਾ ਕੀਤੀ ਜਾਵੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23685 (T) ਮਿਤੀ 31-3-2026

ਉਤਾਰਾ:-

1. ਮੁੱਖ ਮੰਤਰੀ ਜੀ, ਪੰਜਾਬ ਸਰਕਾਰ, ਚੰਡੀਗੜ੍ਹ।
2. ਸਪੀਕਰ ਜੀ, ਪੰਜਾਬ ਸਰਕਾਰ, ਚੰਡੀਗੜ੍ਹ ਸ੍ਰੀ ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੦੯ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਇਹ ਜਨਰਲ ਇਜਲਾਸ ਕਰੀਬ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਸਿੱਖ ਕੌਮ ਵੱਲੋਂ ਲਗਾਤਾਰ ਉਠਾਈ ਜਾ ਰਹੀ ਮੰਗ ਪ੍ਰਤੀ ਕੇਂਦਰ ਅਤੇ ਰਾਜ ਸਰਕਾਰਾਂ ਦੇ ਅੜੀਅਲ ਤੇ ਪੱਖਪਾਤੀ ਰਵੱਈਏ ਦੀ ਕਰੜੀ ਨਿੰਦਾ ਕਰਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਲਈ ਪਾਈ ਗਈ ਪਟੀਸ਼ਨ ਨੂੰ 14 ਸਾਲ ਪੂਰੇ ਹੋ ਗਏ ਹਨ। ਏਨੇ ਸਾਲਾਂ ਵਿਚ ਕਿਸੇ ਨੂੰ ਮਿਲੀ ਉਮਰ ਕੈਦ ਦੀ ਸਜ਼ਾ ਵੀ ਪੂਰੀ ਹੋ ਜਾਂਦੀ ਹੈ, ਪ੍ਰੰਤੂ ਸਿੱਖ ਭਾਵਨਾਵਾਂ ਨਾਲ ਜੁੜੇ ਇਸ ਗੰਭੀਰ ਮਾਮਲੇ ਪ੍ਰਤੀ ਅਪਣਾਈ ਜਾ ਰਹੀ ਪਹੁੰਚ ਸਰਕਾਰ ਦੀ ਨੀਤੀ ਤੇ ਨੀਤ 'ਤੇ ਵੱਡੇ ਸਵਾਲ ਪੈਦਾ ਕਰਦੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸਾਲ 2019 ਵਿਚ ਭਾਰਤ ਸਰਕਾਰ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਹੋਰ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕੀਤਾ ਸੀ, ਪਰ ਇਸ ਨੂੰ ਲਾਗੂ ਨਾ ਕੀਤਾ ਗਿਆ। ਸੁਪਰੀਮ ਕੋਰਟ ਨੇ ਵੀ ਇਸ ਕੇਸ ਸਬੰਧੀ ਸੁਣਵਾਈ ਦੌਰਾਨ ਕਈ ਵਾਰ ਸਰਕਾਰ ਨੂੰ ਇਸ 'ਤੇ ਤੁਰੰਤ ਫੈਸਲਾ ਕਰਨ ਲਈ ਆਖਿਆ, ਲੇਕਿਨ ਸਰਕਾਰ ਦੀ ਪਹੁੰਚ ਹਮੇਸ਼ਾ ਨਿਰਾਸ਼ਾਜਨਕ ਹੀ ਰਹੀ। ਭਾਈ ਬਲਵੰਤ ਸਿੰਘ ਰਾਜੋਆਣਾ ਜੋ ਫਾਂਸੀ ਦੀ ਚੱਕੀ ਵਿਚ ਲੰਮੇ ਸਮੇਂ ਤੋਂ ਸਜ਼ਾ ਭੁਗਤ ਰਹੇ ਹਨ, ਉਨ੍ਹਾਂ ਨਾਲ ਕੀਤਾ ਜਾ ਰਿਹਾ ਅਜਿਹਾ ਵਿਤਕਰਾ ਸਮੁੱਚੀ ਕੌਮ ਨੂੰ ਪੀੜਾ ਦੇਣ ਵਾਲਾ ਹੈ। ਜਦੋਂ ਸਿੱਖ ਕੌਮ ਵੱਲੋਂ ਲਗਾਤਾਰ ਉਠਾਈਆਂ ਜਾਇਜ਼ ਮੰਗਾਂ ਦੇ ਬਾਵਜੂਦ ਵੀ ਕੋਈ ਸੁਣਵਾਈ ਨਾ ਹੋਵੇ ਤਾਂ ਫਿਰ ਲੋਕਤੰਤਰਿਕ ਪ੍ਰਣਾਲੀ ਦੀ ਕੀ ਅਹਿਮੀਅਤ ਰਹਿ ਜਾਂਦੀ ਹੈ। ਸਰਕਾਰਾਂ ਵੱਲੋਂ ਸਿੱਖ ਮਾਮਲਿਆਂ ਪ੍ਰਤੀ ਅਪਣਾਈ ਜਾ ਰਹੀ ਇਹ ਗੈਰ-ਸੰਜੀਦਾ ਪਹੁੰਚ ਸਿੱਖਾਂ ਅੰਦਰ ਬੇਗਾਨਗੀ ਦੀ ਭਾਵਨਾ ਪੈਦਾ ਕਰ ਰਹੀ ਹੈ।

ਅੱਜ ਦਾ ਇਜਲਾਸ ਸਮੁੱਚੀ ਸਿੱਖ ਕੌਮ ਦੀ ਮੰਗ ਦੇ ਮੱਦੇਨਜ਼ਰ ਭਾਈ ਬਲਵੰਤ ਸਿੰਘ ਰਾਜੋਆਣਾ ਸਬੰਧੀ ਪਟੀਸ਼ਨ 'ਤੇ ਤੁਰੰਤ ਫੈਸਲੇ ਲਈ ਕੇਂਦਰ ਸਰਕਾਰ ਨੂੰ ਆਖਦਾ ਹੈ। ਇਜਲਾਸ ਇਹ ਵੀ ਆਖਦਾ ਹੈ ਕਿ ਇਸ ਮਾਮਲੇ ਨੂੰ ਹੋਰ ਨਾ ਲਮਕਾਇਆ ਜਾਵੇ ਅਤੇ ਸਰਕਾਰ ਹਾਂ ਜਾ ਨਾਂ ਵਿਚ ਤੁਰੰਤ ਫੈਸਲਾ ਕਰੇ।

ਜਨਰਲ ਇਜਲਾਸ ਦਿੱਲੀ ਦੀ ਭਾਜਪਾ ਸਰਕਾਰ ਵੱਲੋਂ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਵਿਚ ਕੀਤੇ ਜਾ ਰਹੇ ਵਿਤਕਰੇ ਦੀ ਵੀ ਨਿੰਦਾ ਕਰਦਾ ਹੈ। ਭਾਈ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਲਈ ਲਗਾਤਾਰ ਅਵਾਜ਼ ਉਠਾਈ ਜਾ ਰਹੀ ਹੈ। ਪਹਿਲਾਂ ਆਮ ਆਦਮੀ ਪਾਰਟੀ ਦੀ ਕੇਜਰੀਵਾਲ ਸਰਕਾਰ ਇਸ ਵਿਚ ਅੜਿੱਕਾ ਬਣਦੀ ਰਹੀ ਅਤੇ ਹੁਣ ਭਾਜਪਾ ਦੀ ਸਰਕਾਰ ਵੀ ਉਸੇ ਰਾਹ ਉਤੇ ਹੈ। ਕੇਜਰੀਵਾਲ ਸਰਕਾਰ ਸਮੇਂ ਤਾਂ ਭਾਜਪਾ ਦੇ ਸਿੱਖ ਆਗੂ ਇਸ ਮਾਮਲੇ ਉੱਤੇ ਸਵਾਲ ਚੁੱਕਦੇ ਰਹੇ ਪਰ ਹੁਣ ਉਨ੍ਹਾਂ ਦੀ ਖਾਮੋਸ਼ੀ ਸਵਾਲ ਬਣੀ ਹੋਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਪੁਰਜ਼ੋਰ ਮੰਗ ਕਰਦਾ ਹੈ ਕਿ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਫੈਸਲਾ ਵੀ ਤੁਰੰਤ ਕੀਤਾ ਜਾਵੇ।

ਇਸ ਦੇ ਨਾਲ ਹੀ ਜਨਰਲ ਇਜਲਾਸ ਲੰਮੇ ਸਮੇਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਭਈ ਗੁਰਦੀਪ ਸਿੰਘ ਖੈੜਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਜਗਤਾਰ ਸਿੰਘ ਤਾਰਾ ਸਮੇਤ ਹੋਰ ਸਿੰਘਾਂ ਦੀ ਤੁਰੰਤ ਰਿਹਾਈ ਦੀ ਵੀ ਮੰਗ ਕਰਦਾ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93693 (T)

ਮਿਤੀ 31-3 -2026

ਉਤਾਰਾ:-

1. ਗ੍ਰਹਿ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਮੁੱਖ ਮੰਤਰੀ ਜੀ, ਦਿੱਲੀ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੧੦ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਜਨਰਲ ਇਜਲਾਸ ਏ.ਆਈ. ਤਕਨਾਲੋਜੀ ਦੀ ਦੁਰਵਰਤੋਂ ਕਰ ਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਇਤਰਾਜ਼ਯੋਗ ਸਮੱਗਰੀ ਦੇ ਪ੍ਰਸਾਰ 'ਤੇ ਫ਼ਿਕਰਮੰਦੀ ਪ੍ਰਗਟ ਕਰਦਿਆਂ ਇਸ ਦੀ ਰੋਕਥਾਮ ਲਈ ਭਾਰਤ ਸਰਕਾਰ ਨੂੰ ਇੱਕ ਠੋਸ ਨੀਤੀ ਬਣਾਉਣ ਲਈ ਆਖਦਾ ਹੈ।

ਜਨਰਲ ਇਜਲਾਸ ਸਿੱਖ ਕੌਮ ਨੂੰ ਵੀ ਸੁਚੇਤ ਕਰਦਾ ਹੈ ਕਿ ਅਜਿਹੀ ਸਮੱਗਰੀ ਨੂੰ ਅੱਗੇ ਸਾਂਝਾ ਕਰਨ ਦੀ ਬਜਾਏ ਤੁਰੰਤ ਸੰਬੰਧਤ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਰਿਪੋਰਟ ਕੀਤਾ ਜਾਵੇ, ਤਾਂ ਜੋ ਸ਼ਰਾਰਤੀ ਅਨਸਰਾਂ ਦੇ ਮਨਸੂਬੇ ਨਾਕਾਮ ਹੋਣ ਅਤੇ ਧਾਰਮਿਕ ਸਨਮਾਨ ਦੀ ਰੱਖਿਆ ਹੋ ਸਕੇ।

ਇਸ ਮਤੇ ਰਾਹੀਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਏ.ਆਈ. ਦੀ ਦੁਰਵਰਤੋਂ ਨੂੰ ਰੋਕਣ ਲਈ ਸਖ਼ਤ ਅਤੇ ਢੁੱਕਵੀਂ ਨੀਤੀ ਬਣਾਉਣ ਅਤੇ ਅਜਿਹੇ ਮਾਮਲਿਆਂ ਵਿੱਚ ਤੁਰੰਤ ਕਾਰਵਾਈ ਯਕੀਨੀ ਬਣਾਉਣ। ਇਸ ਸਬੰਧੀ ਕੇਂਦਰ ਸਰਕਾਰ ਸੂਬਾ ਸਰਕਾਰਾਂ ਨੂੰ ਵੀ ਸਖ਼ਤ ਆਦੇਸ਼ ਜਾਰੀ ਕਰੇ।

ਜਨਰਲ ਇਜਲਾਸ ਇਹ ਵੀ ਸਪੱਸ਼ਟ ਕਰਦਾ ਹੈ ਕਿ ਭਾਵੇਂ ਏ.ਆਈ. ਤਕਨਾਲੋਜੀ ਮਨੁੱਖੀ ਭਲਾਈ ਲਈ ਹੈ, ਪਰ ਇਸ ਦੀ ਗਲਤ ਵਰਤੋਂ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਕੌਮ ਨੂੰ ਵੀ ਅਪੀਲ ਕੀਤੀ ਜਾਂਦੀ ਹੈ ਕਿ ਇਸ ਮਾਮਲੇ 'ਤੇ ਇਕਜੁੱਟ ਹੋ ਕੇ ਆਪੋ-ਆਪਣੀ ਜ਼ਿੰਮੇਵਾਰੀ ਤਹਿਤ ਸਿੱਖਾਂ ਖ਼ਿਲਾਫ਼ ਹੁੰਦੀ ਏ.ਆਈ. ਦੀ ਦੁਰਵਰਤੋਂ 'ਤੇ ਸਖ਼ਤ ਇਤਰਾਜ਼ ਦਰਜ ਕਰਵਾਇਆ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93694.(T)

ਮਿਤੀ 31-3 -2026

ਉਤਾਰਾ:- 1. ਸੂਚਨਾਂ ਤੇ ਤਕਨਾਲੋਜੀ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੧੧ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਪ੍ਰੀਖਿਆਵਾਂ ਦੌਰਾਨ ਸਿੱਖ ਵਿਦਿਆਰਥੀਆਂ ਨੂੰ ਕਕਾਰ ਉਤਾਰਨ ਲਈ ਮਜ਼ਬੂਰ ਕਰਨ ਦੀਆਂ ਘਟਨਾਵਾਂ 'ਤੇ ਦੁੱਖ ਜ਼ਾਹਰ ਕਰਦਾ ਹੈ।

ਸਿੱਖਾਂ ਲਈ ਕਕਾਰਾਂ ਦੀ ਮਹੱਤਤਾ ਤੋਂ ਜਾਣੂ ਹੋਣ ਦੇ ਬਾਵਜੂਦ ਵੀ ਅਕਸਰ ਹੀ ਮੁਕਾਬਲਾ ਪ੍ਰੀਖਿਆਵਾਂ ਸਮੇਂ ਸਿੱਖ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕੀਤਾ ਜਾਂਦਾ ਹੈ। ਇਸ ਨਾਲ ਸਿੱਖ ਭਾਵਨਾਵਾਂ ਆਹਤ ਹੋਣ ਦੇ ਨਾਲ-ਨਾਲ ਵਿਦਿਆਰਥੀਆਂ ਦੀ ਪ੍ਰੀਖਿਆ 'ਤੇ ਵੀ ਅਸਰ ਪੈਂਦਾ ਹੈ। ਜਦੋਂ ਦੇਸ਼ ਦੇ ਸੰਵਿਧਾਨ ਅਨੁਸਾਰ ਹਰ ਵਿਅਕਤੀ ਨੂੰ ਆਪਣੇ ਧਰਮ ਦੀਆਂ ਮਾਨਤਾਵਾਂ ਅਨੁਸਾਰ ਵਿਚਰਣ ਦੀ ਪੂਰੀ ਖੁੱਲ੍ਹ ਹੈ ਤਾਂ ਫਿਰ ਸਿੱਖਾਂ ਦੇ ਕਕਾਰ ਲੁਹਾਉਣ ਵਾਲਿਆਂ 'ਤੇ ਸਖ਼ਤ ਕਾਰਵਾਈ ਕਿਉਂ ਨਹੀਂ ਹੁੰਦੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਭਾਰਤ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਾ ਹੈ ਕਿ ਵੱਖ-ਵੱਖ ਮੁਕਾਬਲਾ ਪ੍ਰੀਖਿਆਵਾਂ ਲਈ ਜਾਰੀ ਕੀਤੀ ਜਾਂਦੀ ਐਡਵਾਈਜ਼ਰੀ ਵਿਚ ਇਹ ਸਪੱਸ਼ਟ ਲਿਖਿਆ ਜਾਵੇ ਕਿ ਸਿੱਖ ਕਕਾਰਾਂ (ਕਿਰਪਾਨ, ਕੜਾ, ਕੰਘਾ ਆਦਿ) 'ਤੇ ਕਿਸੇ ਕਿਸਮ ਦਾ ਇਤਰਾਜ਼ ਨਹੀਂ ਹੈ। ਇਸ ਸਬੰਧੀ ਸੂਬਾ ਸਰਕਾਰਾਂ ਨੂੰ ਨਿਰਦੇਸ਼ ਦੇ ਕੇ ਲਾਜ਼ਮੀ ਕੀਤਾ ਜਾਵੇ ਤਾਂ ਜੋ ਕਿਸੇ ਵੀ ਸਿੱਖ ਵਿਦਿਆਰਥੀ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਨਾ ਪੁੱਜੇ। ਇਜਲਾਸ ਇਹ ਵੀ ਮੰਗ ਕਰਦਾ ਹੈ ਕਿ ਜੇਕਰ ਕੋਈ ਵਿਅਕਤੀ ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਕਕਾਰ ਉਤਾਰਨ ਲਈ ਮਜ਼ਬੂਰ ਕਰੇ ਤਾਂ ਉਸ ਖ਼ਿਲਾਫ਼ ਕਾਰਵਾਈ ਯਕੀਨੀ ਬਣਾਈ ਜਾਵੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23695 (T)

ਮਿਤੀ 31-3-2026

ਉਤਾਰਾ:-1. ਮਾਨਯੋਗ ਕੇਂਦਰੀ ਮੰਤਰੀ ਜੀ, ਮਨੁੱਖੀ ਸਾਧਨਾਂ ਤੇ ਵਿਕਾਸ ਮੰਤਰੀ ਭਾਰਤ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੧੨ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਪੰਜਾਬ ਅੰਦਰ ਨੌਜਵਾਨਾਂ ਦੇ ਵਧ ਰਹੇ ਪੁਲਿਸ ਮੁਕਾਬਲਿਆਂ 'ਤੇ ਫ਼ਿਕਰਮੰਦੀ ਪ੍ਰਗਟ ਕਰਦਾ ਹੈ। ਪੰਜਾਬ ਅੰਦਰ ਪੈਦਾ ਕੀਤਾ ਜਾ ਰਿਹਾ ਇਹ ਰੁਝਾਨ ਨਾ ਸਿਰਫ਼ ਕਾਨੂੰਨ-ਵਿਵਸਥਾ ਉੱਤੇ ਸਵਾਲ ਖੜ੍ਹੇ ਕਰਦਾ ਹੈ, ਸਗੋਂ ਸਮਾਜ ਵਿਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਵੀ ਪੈਦਾ ਕਰਦਾ ਹੈ। ਨੌਜਵਾਨ ਪੀੜ੍ਹੀ, ਜੋ ਦੇਸ਼ ਅਤੇ ਕੌਮ ਦਾ ਭਵਿੱਖ ਹੈ, ਦਾ ਇਸ ਤਰ੍ਹਾਂ ਨਾਲ ਜਾਨੋਂ ਹੱਥ ਧੋ ਬੈਠਣਾ ਬਹੁਤ ਦੁਖਦਾਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਮੰਗ ਕਰਦਾ ਹੈ ਕਿ ਪੁਲਿਸ ਮੁਕਾਬਲਿਆਂ ਦੇ ਨਾਂ 'ਤੇ ਹੋ ਰਹੀਆਂ ਘਟਨਾਵਾਂ ਦੀ ਪੂਰੀ ਪਾਰਦਰਸ਼ਤਾ ਅਤੇ ਨਿਆਂਪੂਰਕ ਜਾਂਚ ਹੋਣੀ ਚਾਹੀਦੀ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਨੂੰ ਰੋਕਿਆ ਜਾ ਸਕੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23696. (ਧ)

ਮਿਤੀ 31-3 -2026

ਉਤਾਰਾ:-

1. ਗਵਰਨਰ ਜੀ, ਪੰਜਾਬ ਸੂਬਾ, ਚੰਡੀਗੜ੍ਹ।
2. ਮਾਨਯੋਗ ਚੀਫ ਜਸਟਿਸ ਜੀ, ਪੰਜਾਬ ਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੧੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਲਾਂਘਾ ਪਹਿਲਾਂ ਦੀ ਤਰ੍ਹਾਂ ਤੁਰੰਤ ਚਾਲੂ ਕੀਤੇ ਜਾਣ ਦੀ ਮੰਗ ਦੁਹਰਾਉਂਦਾ ਹੈ। ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਸਿੱਖ ਸੰਗਤਾਂ ਲਈ ਆਸਥਾ ਦਾ ਮਾਰਗ ਹੈ ਅਤੇ ਸੰਗਤਾਂ ਆਪਣੇ ਪਾਵਨ ਅਸਥਾਨ ਦੇ ਦਰਸ਼ਨਾਂ ਦੀ ਹਮੇਸ਼ਾਂ ਤਾਂਘ ਰੱਖਦੀਆਂ ਹਨ। ਦੋਵਾਂ ਦੇਸ਼ਾਂ ਅੰਦਰ ਤਲਖੀ ਹੋਣ ਕਾਰਨ ਇਹ ਲਾਂਘਾ ਬੰਦ ਹੋਣ ਨਾਲ ਸਿੱਖ ਸੰਗਤਾਂ ਦੀ ਆਸਥਾ ਨੂੰ ਸੱਟ ਵੱਜ ਰਹੀ ਹੈ।

ਅੱਜ ਦਾ ਜਨਰਲ ਇਜਲਾਸ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਪਾਸੋਂ ਮੰਗ ਕਰਦਾ ਹੈ ਕਿ ਇਹ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਸਮਝਦੇ ਹੋਏ ਇਹ ਲਾਂਘਾ ਤੁਰੰਤ ਖੋਲਿਆ ਜਾਵੇ। ਇਜਲਾਸ ਇਹ ਵੀ ਮੰਗ ਕਰਦਾ ਹੈ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਵਿਖੇ ਜਾਣ ਵਾਲੇ ਸ਼ਰਧਾਲੂਆਂ ਲਈ ਪਾਸਪੋਰਟ ਦੀ ਸ਼ਰਤ ਨੂੰ ਵੀ ਖ਼ਤਮ ਕੀਤਾ ਜਾਵੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93697 (T)

ਮਿਤੀ 31-3-2026

ਉਤਾਰਾ:-

1. ਮਾਨਯੋਗ ਗ੍ਰਿਹ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਮਾਨਯੋਗ ਵਿਦੇਸ਼ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਮਾਨਯੋਗ ਗਵਰਨਰ ਜੀ, ਪੰਜਾਬ ਸੂਬਾ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੧੪ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਦੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਭਾਰਤ ਸਰਕਾਰ ਨੂੰ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਅਪੀਲ ਕਰਦਾ ਹੈ।

ਸਿੱਖਾਂ ਨੇ ਗੁਰੂ ਬਖ਼ਸ਼ੇ ਸਿਧਾਂਤ ਅਤੇ ਆਪਣੇ ਗੌਰਵਮਈ ਇਤਿਹਾਸ ਦੀ ਸੇਧ ਵਿਚ ਦੁਨੀਆ ਭਰ ਵਿਚ ਵੱਡੀਆਂ ਮੱਲਾਂ ਮਾਰੀਆਂ ਹਨ ਅਤੇ ਸਿੱਖ ਜਿਥੇ ਵੀ ਵਸਦੇ ਹਨ, ਉਸ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਭਰਪੂਰ ਯੋਗਦਾਨ ਪਾ ਰਹੇ ਹਨ। ਪਰੰਤੂ ਵੱਖ-ਵੱਖ ਦੇਸ਼ਾਂ ਤੋਂ ਸਿੱਖਾਂ ਨਾਲ ਸਬੰਧਤ ਨਫ਼ਰਤੀ ਹਿੰਸਾ ਦੇ ਅਕਸਰ ਹੀ ਸਾਹਮਣੇ ਆਉਂਦੇ ਮਾਮਲੇ ਕੌਮ ਨੂੰ ਚਿੰਤਾ ਦਿੰਦੇ ਹਨ। ਤਾਜ਼ਾ ਮਿਸਾਲ ਨਿਊਜ਼ੀਲੈਂਡ ਅੰਦਰ ਸਿੱਖਾਂ ਵੱਲੋਂ ਸਜਾਏ ਗਏ ਨਗਰ ਕੀਰਤਨ ਨੂੰ ਸਥਾਨਕ ਕੁਝ ਲੋਕਾਂ ਵੱਲੋਂ ਰੋਕਣ ਦੀ ਹੈ।

ਅੱਜ ਦਾ ਇਹ ਇਜਲਾਸ ਕੇਂਦਰ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਦੇਸ਼-ਦੁਨੀਆ ਅੰਦਰ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਅਤੇ ਰਹੁ-ਰੀਤਾਂ ਨਿਭਾਉਣ ਦੀ ਆਜ਼ਾਦੀ ਦੀ ਰੱਖਿਆ ਹਰ ਹਾਲਤ ਵਿਚ ਯਕੀਨੀ ਬਣਾਈ ਜਾਵੇ। ਇਸ ਦੇ ਮੱਦੇਨਜ਼ਰ ਸਰਕਾਰ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਨਾਲ ਕਿਸੇ ਵੀ ਤਰ੍ਹਾਂ ਦੀ ਨਸਲੀ ਹਿੰਸਾ, ਭੇਦਭਾਵ ਰੋਕਣ ਲਈ ਕੂਟਨੀਤਕ ਯਤਨ ਕਰੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23698 (T)

ਮਿਤੀ 31-3-2026

ਉਤਾਰਾ:- 1. ਮਾਨਯੋਗ ਵਿਦੇਸ਼ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੫ ਚੇਤ ਸੰਮਤ ਨਾਨਕਸ਼ਾਹੀ ੫੫੮, ਮੁਤਾਬਿਕ (੨੮-੦੩-੨੦੨੬) ਦੇ ਮਤਾ ਨੰਬਰ ੧੫ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਨਰਲ ਇਜਲਾਸ ਭਾਈ ਬਲਜੀਤ ਸਿੰਘ ਦਾਦੂਵਾਲ ਵੱਲੋਂ ਕੁਝ ਲੋਕਾਂ ਨੂੰ ਨਾਲ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਜਾਇਦਾਦ ਮੀਰੀ ਪੀਰੀ ਮੈਡੀਕਲ ਕਾਲਜ, ਸ਼ਾਹਬਾਦ ਮਾਰਕੰਡਾ (ਹਰਿਆਣਾ) 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ। ਸ਼੍ਰੋਮਣੀ ਕਮੇਟੀ ਪੂਰੇ ਭਾਰਤ ਅੰਦਰ ਸਿੱਖ ਮਿਸ਼ਨ ਅਤੇ ਵਿੱਦਿਅਕ ਸੰਸਥਾਵਾਂ ਖੋਲ੍ਹ ਕੇ ਸਿੱਖੀ ਪ੍ਰਚਾਰ ਅਤੇ ਵਿੱਦਿਅਕ ਪ੍ਰਸਾਰ ਲਈ ਮੋਹਰੀ ਹੋ ਕੇ ਕਾਰਜ ਕਰ ਰਹੀ ਹੈ। ਇਸੇ ਤਹਿਤ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰਿਆਣੇ ਦੇ ਸ਼ਾਹਬਾਦ ਮਾਰਕੰਡਾ ਵਿਖੇ ਮੀਰੀ ਪੀਰੀ ਕਾਲਜ ਨੂੰ ਚਲਾਉਣ ਲਈ ਹਰ ਸਾਲ ੪ ਕਰੋੜ ਰੁਪਏ ਸਹਾਇਤਾ ਦਿੱਤੀ ਜਾਂਦੀ ਹੈ ਅਤੇ ਸੂਬੇ ਦੇ ਲੋਕਾਂ ਦੀ ਸਹੂਲਤ ਲਈ ਹਸਪਤਾਲ ਵਾਸਤੇ ਵੀ ਵੱਡੇ ਯਤਨ ਕੀਤੇ ਜਾਂਦੇ ਹਨ। ਪ੍ਰੰਤੂ ਕੁਝ ਲੋਕਾਂ ਵੱਲੋਂ ਸ਼ਾਹਬਾਦ ਮਾਰਕੰਡਾ ਵਿਖੇ ਚੱਲ ਰਹੇ ਮੀਰੀ ਪੀਰੀ ਮੈਡੀਕਲ ਕਾਲਜ ਨੂੰ ਹਥਿਆਉਣ ਦੇ ਯਤਨ ਕੀਤੇ ਜਾ ਰਹੇ ਹਨ।

ਅੱਜ ਦਾ ਇਹ ਇਜਲਾਸ ਸਪੱਸ਼ਟ ਕਰਦਾ ਹੈ ਕਿ ਸਿੱਖ ਸੰਸਥਾ ਨੂੰ ਕਮਜ਼ੋਰ ਕਰਨ ਵਾਲੀਆਂ ਅਜਿਹੀਆਂ ਹਰਕਤਾਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਇਜਲਾਸ ਹਰਿਆਣਾ ਸਰਕਾਰ ਤੋਂ ਵੀ ਮੰਗ ਕਰਦਾ ਹੈ ਕਿ ਅਜਿਹੇ ਲੋਕਾਂ ਦੇ ਮਨਸੂਬਿਆਂ ਨੂੰ ਰੋਕੇ ਅਤੇ ਇਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਏ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23699 (T)

ਮਿਤੀ 31-3 -2026

ਉਤਾਰਾ:- 1. ਮਾਨਯੋਗ ਮੁੱਖ ਮੰਤਰੀ ਜੀ, ਹਰਿਆਣਾ ਸਰਕਾਰ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
**ਮੁੱਖ ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।